ਨੰ:2/49/09-2ਸਿ3/1166

ਪੰਜਾਬ ਸਰਕਾਰ

ਸਿੱਖਿਆ ਵਿਭਾਗ

(ਸਿੱਖਿਆ-3 ਸ਼ਾਖਾ)

ਸੇਵਾ ਵਿਖੇ

ਪ੍ਰਿੰਸੀਪਲ,
ਗੁਰੂ ਨਾਨਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਪਬਲਿਕ ਸਕੂਲ
1-ਬਲਾਕ, ਭਾਈ ਰਣਧੀਰ ਸਿੰਘ ਨਗਰ, ਲੁਧਿਆਣਾ
ਜਿਲ੍ਹਾ ਲੁਧਿਆਣਾ।

ਮਿਤੀ,ਚੰਡੀਗੜ੍ਹ 29/6/09

ਵਿਸ਼ਾ:- ਗੁਰੂ ਨਾਨਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਪਬਲਿਕ ਸਕੂਲ 1-ਬਲਾਕ, ਭਾਈ ਰਣਧੀਰ ਸਿੰਘ ਨਗਰ, ਲੁਧਿਆਣਾ ਜਿਲ੍ਹਾ ਲੁਧਿਆਣਾ ਸੀ.ਬੀ.ਐਸ.ਈ. ਨਵੀਂ ਦਿੱਲੀ ਨਾਲ ਐਫੀਲੀਏਸ਼ਨ ਲੈਣ ਲਈ ਇਤਰਾਜ ਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।

****

ਸ੍ਰੀਮਾਨ ਜੀ,

ਉਪਰੋਕਤ ਵਿਸ਼ੇ ਦੇ ਹਵਾਲੇ ਵਿੱਚ।

2. ਆਪਦੇ ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜਾਂ ਸਮੇਤ ਹਲਫੀਆ ਬਿਆਨ, ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.), ਲੁਧਿਆਣਾ ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ), ਪੰਜਾਬ, ਚੰਡੀਗੜ੍ਹ ਦੀਆਂ ਸ਼ਿਫਾਰਸਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਇਤਰਾਜਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿੱਚ ਕਿਸੇ ਵੀ ਸਿਕਾਇਤ /ਇੰਸ਼ਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾਂ ਦੇ ਆਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵਲੋਂ ਸਮੇਂ ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆ ਬਿਆਨ ਵਿੱਚ ਦਿੱਤੀਆਂ ਲਿਖਤੀ ਸਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜਹੀਣਤਾ ਸਰਟੀਫਿਕੇਟ ਵਾਪਿਸ ਲਿਆ ਜਾ ਸਕਦਾ ਹੈ।

2. ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜਾਉਣਾ ਦਸਵੀਂ ਪੱਧਰ ਤੱਕ ਲਾਜਮੀ ਹੋਵੇਗਾ ਅਤੇ ਸੀ.ਬੀ.ਐਸ.ਈ. ਨਵੀਂ ਦਿੱਲੀ ਅਜਿਹੇ ਸਕੂਲਾਂ ਵਿੱਚ ਪੰਜਾਬੀ ਦਾ ਇਮਤਿਹਾਨ ਲੈਣ ਦਾ

ਚਲਦਾ ਪੰਨਾ/2

Scanned with CamScanner

Scanned with CamScanner

ਉਪਰਾਲਾ ਲਾਜਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

3 ਸੀ.ਬੀ.ਐਸ.ਈ. ਨਵੀਂ ਦਿੱਲੀ ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨੇਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ ਦੇਣ ਲਈ ਵਚਨਬੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

4 ਤੁਸੀਂ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜਿਲ੍ਹੇ ਦੇ ਜਿਲ੍ਹਾ ਸਿੱਖਿਆ ਅਫਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵੱਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾਂ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾਂ ਉਪਲਬੱਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

ਇਹ ਪ੍ਰਵਾਨਗੀ ਮਾਨਯੋਗ ਸਿੱਖਿਆ ਮੰਤਰੀ ਪੰਜਾਬ ਜੀ ਦੇ ਹੁਕਮ ਮਿਤੀ 23-6-09 ਅਨੁਸਾਰ ਜਾਰੀ ਕੀਤੀ ਜਾਂਦੀ ਹੈ ।

ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ

----

ਪਿੱਠ ਅੰਕਣ ਨੰ: 2/49/09-2ਸਿ3/ ਮਿਤੀ,ਚੰਡੀਗੜ੍ਹ

ਉਤਾਰਾ ਡਾਇਰੈਕਟਰ, ਸਿੱਖਿਆ ਵਿਭਾਗ (ਸੈ.ਸਿ), ਪੰਜਾਬ,ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ: 15/23-2009 ਗ੍ਰਾਂਟ 1(3) ਮਿਤੀ 12-6-2009 ਦੇ ਹਵਾਲੇ ਵਿੱਚ ਭੇਜਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇੱਕ ਵਾਰ ਇੰਸ਼ਪੈਕਸ਼ਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸ਼ਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਦਾ ਰਹੇ ਕਿ ਸਬੰਧਤ ਸਕੂਲ, ਪੰਜਾਬ ਸਰਕਾਰ ਵਲੋਂ ਜਾਰੀ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਕਰਦਾ ਰਿਹਾ ਹੈ ਜਾਂ ਨਹੀਂ।

2. ਗੁਰੂ ਨਾਨਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਪਬਲਿਕ ਸਕੂਲ 1-ਬਲਾਕ, ਭਾਈ ਰਣਧੀਰ ਸਿੰਘ ਨਗਰ, ਲੁਧਿਆਣਾ ਜਿਲ੍ਹਾ ਲੁਧਿਆਣਾ ਦੀ ਮਿਸਲ ਮੂਲ ਰੂਪ ਵਿੱਚ ਵਾਪਸ ਭੇਜੀ ਜਾਂਦੀ ਹੈ।

(ਨੱਥੀ ਮਿਸਲ)

sd/-

ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ

Principal
G.N.I. Public School
I-Block, BRS Nagar, Ludhiana.
Affiliation No. 1630569

Scanned with CamScanner

Scanned with CamScanner

No.2/49/09-2C3/1166
Punjab Government
Education Department
(Education-3 Cell)

To

The Principal
Guru Nanak International Senior Secondary Public School,
I-Block, Bhai Randhir Singh Nagar, Ludhiana.
Distt. Ludhiana.

Dated, Chandigarh 29/06/09

Subject: **Regarding No Objection Certificate for affiliation to C.B.S.E. for Guru Nanak International Senior Secondary Public School, I-Block, Bhai Randhir Singh Nagar, Ludhiana.**

Sir,

With reference to the above mentioned subject, the documents forwarded by your school management as per the District Education Officer, Ludhiana and Director Education Department Punjab, Chandigarh have gone through the details and Punjab Govt. has decided to issue the N.O.C. on the following conditions:—

1. In future, if any complaint/inspection it is found that the documents provided to obtain the N.O.C. are on the basis of wrong information or the instructions issued from time to time by the Govt. of Punjab are not followed by you and the conditions given in the agreement are not followed by you, then under such circumstances the N.O.C. can be withdrawn at any time.

2. Teaching of Punjabi subject till class X in your school will be compulsory and it will be compulsory for C.B.S.E., New Delhi to make arrangements to take the Punjabi Examination in such schools. In case this is not followed the N.O.C. will be withdrawn.

Con't-2/-

Principal
G.N.I. Public School
I-Block, BRS Nagar, Ludhiana.
Affiliation No. 1630569

NOTARY PUBLIC
Ashwani Jolly
LUDHIANA (Pb.)
Regd. No.2784
GOVT. OF INDIA

Scanned with CamScanner

Scanned with CamScanner

3. After getting affiliation of C.B.S.E. the school management will be bound to pay salary and other allowances to the school Teaching and Non-Teaching Staff according to the Govt, employees. In case it fails to do so the N.O.C. will be withdrawn immediately.

4. You and your management will assure that in case your District Education Officer or any Senior Education Officer of Education Department demands any information, then he will be provided the required information and help.

This permission is being issued according to the orders of Respected Education Minister Punjab dated 23.06.2009.

Sd/- xx
Secretary School Education

No.2/49/09-2C3/ Dated/Chandigarh

Director, Education Department (S.C.) Punjab, Chandigarh against the memo No.15/23-2009 Grant-1(3) dated 12.06.2009 is requested to inspect the above mentioned school at least once in five years under any circumstances and therefore submit the Inspection report to the Govt. so that it comes to know whether the school has been obeying the instructions issued by the Govt. or not.

Guru Nanak International Senior Secondary Public School, I-Block, Bhai Randhir Singh Nagar, Ludhiana Distt. Ludhiana, original file is returned herewith.

(Enclosed Original File)

Sd/- xx
Secretary School Education

NOTARY PUBLIC Ashwani Jolly LUDHIANA (Pb.) Regd. No.2784 GOVT. OF INDIA

True Translation from Punjabi/Hindi/Urdu into English

Notary Public (Ldh.)

29 AUG 2023

Principal
G.N.I. Public School
I-Block, BRS Nagar, Ludhiana
Affiliation No. 1630569

Scanned with CamScanner

Scanned with CamScanner